ਦਫਤਰ :- ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋ:ਨਿ:ਵਿ: ਭ ਤੇ ਮ ਸਾਖਾ, ਸਾਹਮਣੇ ਪੁਲਿਸ ਸਟੇਸ਼ਨ, ਇੰਡਸਟ੍ਰੀਅਲ ਏਰੀਆ ਫੇਸ-1, ਸਾਹਿਬਜਾਦਾ ਅਜੀਤ ਸਿੰਘ ਨਗਰ (ਮੋਹਾਲੀ)

E-mail Id : ee.pd.moh.pwd@punjab.gov.in Tel. & Fax No. 0172-2226328

---

ਵੱਲ

The Principal,
DAV Public Senior Secondary School
Sector -64
SAS Nagar, Mohali.

ਨੰ: ੫੫੧੦ ਮਿਤੀ: ੧-੬-੨੩

ਵਿਸ਼ਾ- **ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।**

ਹਵਾਲਾ: ਆਪ ਦਾ ਪੱਤਰ ਨੰ. DAV/MHL/70187 ਮਿਤੀ: 13.04.2023

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ, ਐਸ.ਏ.ਐਸ ਨਗਰ ਦੀ ਰਿਪੋਰਟ ਅਨੁਸਾਰ ਸਕੂਲ ਦੀ ਇਮਾਰਤ ਦਾ ਹਰ ਪੱਖੋ ਮੁਆਇਨਾ ਕਰਨ ਉਪਰੰਤ ਇਮਾਰਤ ਠੀਕ ਪਾਈ ਗਈ ਹੈ।ਸਕੂਲ ਵੱਲੋ ਇੰਸਪੈਕਸਨ ਫੀਸ ਰੁ: 15,000/-ਜੀ.ਆਰ. ਨੰ. 4300052 ਮਿਤੀ 05-05-2023 ਰਾਹੀ ਜਮਾਂ ਕਰਵਾ ਦਿੱਤੀ ਗਈ ਹੈ। ਇਸ ਲਈ ਉਪਰੋਕਤ ਸਕੂਲ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ 31-3-2024 ਤੱਕ ਇਸ ਸ਼ਰਤ ਤੇ ਜਾਰੀ ਕੀਤਾ ਜਾਂਦਾ ਹੈ ਕਿ ਇਹ ਸਕੂਲ ਫਾਇਰ ਸੇਫਟੀ ਸਰਟੀਫਿਕੇਟ ਮਿਤੀ 30.08.2023 ਤੋ 31.03.2024 ਤੱਕ ਇਸ ਦਫਤਰ ਵਿਚ ਜਮ੍ਹਾਂ ਕਰਵਾਉਣਗੇ। ਜੇਕਰ ਉਕਤ ਸਮੇਂ ਦਾ ਫਾਇਰ ਸੇਫਟੀ ਸਰਟੀਫਿਕੇਟ ਜਮ੍ਹਾਂ ਨਹੀ ਕਰਵਾਇਆ ਜਾਂਦਾ ਤਾਂ ਇਹ ਸਰਟੀਫਿਕੇਟ ਮਿਤੀ 29.08.2023 ਤੱਕ ਹੀ ਸਮਝਿਆ ਜਾਵੇ। ਬਾਕੀ ਦੀਆਂ ਸ਼ਰਤਾਂ ਹੇਠ ਲਿਖੇ ਅਨੁਸਾਰ ਹੈ:

1. ਨਿਰੀਖਣ ਤੋ ਬਾਅਦ ਜੇਕਰ ਸਕੂਲ ਮੁੱਖੀ ਵੱਲੋ ਦਰਸਾਈ ਗਈ ਬਿਲਡਿੰਗ ਵਿੱਚ ਕੋਈ ਵੀ ਵਾਧਾ/ਬਦਲਾਵ ਕੀਤਾ ਜਾਂਦਾ ਹੈ ਤਾਂ ਉਹ ਕਿਸੇ ਮਾਨਤਾ ਪ੍ਰਾਪਤ ਇੰਜੀਨੀਅਰ ਦੀ ਨਿਗਰਾਨੀ ਵਿੱਚ ਕਰਵਾਇਆ ਜਾਵੇ ਅਤੇ ਬਿਲਡਿੰਗ ਦੀ ਸੇਫਟੀ ਸਬੰਧੀ ਮਾਨਤਾ ਪ੍ਰਾਪਤ ਸਟੱਕਚਰਲ ਇੰਜੀਨੀਅਰ ਤੋਂ ਦੁਬਾਰਾ ਪ੍ਰਵਾਨਗੀ ਲੈਣ ਉਪਰੰਤ ਇਸ ਦਫਤਰ ਤੋਂ ਦਰਸਾਈਆਂ ਸ਼ਰਤਾਂ ਨੂੰ ਮੁੱਖ ਰੱਖਦੇ ਹੋਏ ਦੁਬਾਰਾ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ ਜਾਰੀ ਕਰਵਾਇਆ ਜਾਵੇ।
2. ਜੇਕਰ ਕੋਈ ਕੁਦਰਤੀ ਆਫਤ ਕਾਰਨ ਜਾਂ ਕਿਸੇ ਵੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਵੀ ਸਕੂਲ ਮੁੱਖੀ ਨੂੰ ਤੁਰੰਤ ਇਸ ਦਫਤਰ ਨੂੰ ਸੂਚਿਤ ਕਰਨਾ ਪਵੇਗਾ ਤਾਂ ਜੋ ਬਣਦੀ ਕਾਰਵਾਈ ਕੀਤੀ ਜਾ ਸਕੇ।
3. ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ, ਪੰਜਾਬ ਫਾਇਰ ਸਰਵਿਸਜ਼, ਮੋਹਾਲੀ ਵਲੋ ਉਨ੍ਹਾਂ ਦੇ ਐਨ.ਓ.ਸੀ ਨੰ: 2004-58359-Fire/42032 ਮਿਤੀ: 29.08.2022 ਦੁਆਰਾ ਜਾਰੀ ਕੀਤਾ ਗਿਆ ਹੈ। ਫਾਇਰ ਸੇਫਟੀ ਸਰਟੀਫਿਕੇਟ ਨਵੀਨੀਕਰਨ ਦੀ ਨਿਰੋਲ ਜਿੰਮੇਵਾਰੀ ਬਿਨੈਕਾਰ ਦੀ ਹੋਵੇਗੀ, ਨਹੀ ਤਾਂ ਤੁਰੰਤ ਸਮੇਂ ਤੋ ਇਹ ਬਿਲਡਿੰਗ ਸੇਫਟੀ ਸਰਟੀਫਿਕੇਟ ਰੱਦ ਸਮੱਝਿਆ ਜਾਵੇਗਾ। ਫਾਇਰ ਸੇਫਟੀ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।
4. ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀ ਹੋਵੇਗਾ।

ਨੱਥੀ/

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ: ਮਿਤੀ:

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ, ਮੋਹਾਲੀ ਨੂੰ ਉਨ੍ਹਾਂ ਦੇ ਪੱਤਰ ਨੰ: 159 ਮਿਤੀ 08-05-2023 ਦੇ ਹਵਾਲੇ ਵਿੱਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।